File No.DPISE-CORD0GENL/46/2022-COORDINATION-DPISE

**ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ, ਐਸ.ਏ.ਐਸ.ਨਗਰ।**

**(ਕੋਆਰਡੀਨੇਸ਼ਨ ਸ਼ਾਖਾ)**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:/ਐ:ਸਿ:)
ਪੰਜਾਬ ਰਾਜ।

ਮੀਮੋ ਨੰ: 344459/2022145078
ਮਿਤੀ: 21-06-2022

**ਵਿਸ਼ਾ:-** **ਵਿਦੇਸ਼ ਛੁੱਟੀ ਦੀ ਪ੍ਰਵਾਨਗੀ ਲਈ ਹਦਾਇਤਾਂ ਜਾਰੀ ਕਰਨ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਵਿਭਾਗ ਦੇ ਬਹੁਤ ਸਾਰੇ ਕਰਮਚਾਰੀਆਂ ਵੱਲੋਂ ਗਰਮੀ ਦੀਆਂ ਛੁੱਟੀਆਂ ਦੀ ਬਜਾਏ ਆਉਣ ਵਾਲੇ ਮਹੀਨਿਆਂ ਦੌਰਾਨ ਵਿਦੇਸ਼ ਵਿੱਚ ਆਪਣੇ ਰਿਸ਼ਤੇਦਾਰਾਂ, ਪਰਿਵਾਰਿਕ ਮੈਂਬਰਾਂ ਨੂੰ ਮਿਲਣ ਜਾਣ ਜਾਂ ਫਿਰ ਸੈਰ-ਸਪਾਟੇ ਲਈ ਵਿਦੇਸ਼ ਛੁੱਟੀ ਅਪਲਾਈ ਕੀਤੀ ਜਾ ਰਹੀ ਹੈ। ਕਿਉਂ ਜੋ ਆਉਣ ਵਾਲੇ ਮਹੀਨਿਆਂ ਦੌਰਾਨ ਵਿਦਿਆਰਥੀਆਂ ਦੀ ਪੜ੍ਹਾਈ ਜੋਰਾਂ ਤੇ ਹੋਵੇਗੀ, ਜਿਸ ਕਾਰਨ ਅਜਿਹੇ ਅਧਿਆਪਕਾਂ ਦੀ ਵਿਦੇਸ਼ ਛੁੱਟੀ ਤੇ ਜਾਣ ਦੌਰਾਨ ਪੜ੍ਹਾਈ ਪ੍ਰਭਾਵਿਤ ਹੋਵੇਗੀ।

ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਆਪ ਅਧੀਨ ਕੰਮ ਕਰਦੇ ਸਮੂਹ ਅਧਿਆਪਕਾਂ/ਕਰਮਚਾਰੀਆਂ ਦੁਆਰਾ ਪਰਿਵਾਰਿਕ ਮੈਂਬਰਾਂ ਨੂੰ ਮਿਲਣ ਜਾਣ ਜਾਂ ਫਿਰ ਸੈਰ ਸਪਾਟੇ ਲਈ ਵਿਦੇਸ਼ ਛੁੱਟੀ ਕੇਵਲ ਗਰਮੀਆਂ/ਸਰਦੀਆਂ ਦੀਆਂ ਛੁੱਟੀਆਂ ਦੇ ਸਮੇਂ ਦੌਰਾਨ ਹੀ ਲਈ ਜਾਵੇ।

ਮਿ. 21.06.22

**ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)**